ਬਿਲਾਵਲੁ ਮਹਲਾ ੩ ॥ ਅਤੁਲੁ ਕਿਉ ਤੋਲਿਆ ਜਾਇ ॥ ਦੂਜਾ ਹੋਇ ਤ ਸੋਝੀ ਪਾਇ ॥ ਤਿਸ ਤੇ ਦੂਜਾ ਨਾਹੀ ਕੋਇ ॥ ਤਿਸ ਦੀ ਕੀਮਤਿ ਕਿਕੂ ਹੋਇ ॥੧॥ ਗੁਰ ਪਰਸਾਦਿ ਵਸੈ ਮਨਿ ਆਇ ॥ ਤਾ ਕੋ ਜਾਣੈ ਦੁਬਿਧਾ ਜਾਇ ॥੧॥ ਰਹਾਉ ॥ ਆਪਿ ਸਰਾਫੁ ਕਸਵਟੀ ਲਾਏ ॥ ਆਪੇ ਪਰਖੇ ਆਪਿ ਚਲਾਏ ॥ ਆਪੇ ਤੋਲੇ ਪੂਰਾ ਹੋਇ ॥ ਆਪੇ ਜਾਣੈ ਏਕੋ ਸੋਇ ॥੨॥ ਮਾਇਆ ਕਾ ਰੂਪੁ ਸਭੁ ਤਿਸ ਤੇ ਹੋਇ ॥ ਜਿਸ ਨੋ ਮੇਲੇ ਸੁ ਨਿਰਮਲੁ ਹੋਇ ॥ ਜਿਸ ਨੋ ਲਾਏ ਲਗੈ ਤਿਸੁ ਆਇ ॥ ਸਭੁ ਸਚੁ ਦਿਖਾਲੇ ਤਾ ਸਚਿ ਸਮਾਇ ॥੩॥ ਆਪੇ ਲਿਵ ਧਾਤੁ ਹੈ ਆਪੇ ॥ ਆਪਿ ਬੁਝਾਏ ਆਪੇ ਜਾਪੇ ॥ ਅਧੇ ਸਤਿਗੁਰੁ ਸਬਦੁ ਹੈ ਆਪੇ ॥ ਨਾਨਕ ਆਖਿ ਸੁਣਾਏ ਆਪੇ ॥੪॥੨॥ {ਪੰਨਾ 797}

ਨੋਟ:- ਵੇਖੋ ਬਿਲਾਵਲੁ ਮ: 1, ਸ਼ਬਦ ਨੰ: 3।

ਪਦਅਰਥ:- ਅਤੁਲੁ—ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ, ਅ-ਤੁਲੁ। ਕਿਉ ਤੋਲਿਆ ਜਾਇ—ਨਹੀਂ ਤੋਲਿਆ ਜਾ ਸਕਦਾ, ਉਸ ਦੇ ਬਰਾਬਰ ਦੀ ਕੋਈ ਹਸਤੀ ਦੱਸੀ ਨਹੀਂ ਜਾ ਸਕਦੀ। ਦੂਜਾ—ਪ੍ਰਭੂ ਦੇ ਬਰਾਬਰ ਦਾ ਕੋਈ ਹੋਰ। ਸੋਝੀ—(ਪਰਮਾਤਮਾ ਦੀ ਹਸਤੀ ਦੇ ਮਾਪ ਦੀ) ਸਮਝ। ਤਿਸ ਤੇ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਤੇ' ਦੇ ਕਾਰਨ ਉੱਡ ਗਿਆ ਹੈ} ਉਸ ਪ੍ਰਭੂ ਤੋਂ (ਵੱਖਰਾ)। ਤਿਸ ਦੀ—{ਵੇਖੋ 'ਤਿਸ ਤੇ'}। ਕਿਕੂ—ਕਿਵੇਂ?।1।

ਪਰਸਾਦਿ—ਕਿਰਪਾ ਨਾਲ। ਮਨਿ—ਮਨ ਵਿਚ। ਤਾ—ਤਦੋਂ। ਕੋ—ਕੋਈ ਮਨੁੱਖ। ਜਾਣੈ—ਜਾਣ-ਪਛਾਣ ਬਣਾਂਦਾ ਹੈ। ਦੁਬਿਧਾ—ਮੇਰ-ਤੇਰ। ਜਾਇ—ਦੂਰ ਹੋ ਜਾਂਦੀ ਹੈ।1। ਰਹਾਉ।

ਸਰਾਫੁ—ਪਰਖਣ ਵਾਲਾ। ਕਸਵਟੀ—ਉਹ ਵੱਟੀ ਜਿਸ ਉਤੇ ਸੋਨੇ ਨੂੰ ਕੱਸ ਲਾ ਕੇ (ਰਗੜ ਕੇ) ਵੇਖਿਆ ਜਾਂਦਾ ਹੈ ਕਿ ਇਹ ਖਰਾ ਹੈ ਜਾਂ ਨਹੀਂ। ਆਪੇ—ਆਪ ਹੀ। ਚਲਾਏ—ਪਰਚਲਤ ਕਰਦਾ ਹੈ, (ਸਿੱਕੇ ਨੂੰ) ਚਲਾਂਦਾ ਹੈ। ਏਕੋ ਸੋਇ—ਸਿਰਫ਼ ਉਹ (ਪਰਮਾਤਮਾ) ਹੀ।2।

ਤਿਸ ਤੇ—ਉਸ (ਪਰਮਾਤਮਾ) ਤੋਂ ਹੀ। ਜਿਸ ਨੋ—{ਵੇਖੋ 'ਤਿਸ ਤੇ', 'ਤਿਸ ਦੀ'}। ਨਿਰਮਲ—ਪਵਿੱਤ੍ਰ। ਲਾਏ—(ਮਾਇਆ) ਚੰਬੋੜਦਾ ਹੈ। ਆਇ—ਆ ਕੇ। ਲਗੈ—ਚੰਬੜ ਜਾਂਦੀ ਹੈ। ਸਭੁ—ਹਰ ਥਾਂ। ਸਚੁ—ਸਦਾ-ਥਿਰ ਪ੍ਰਭੂ। ਸਚਿ—ਸਦਾ-ਥਿਰ ਪ੍ਰਭੂ ਵਿਚ।3।

ਧਾਤੁ—ਮਾਇਆ। ਬੁਝਾਏ—ਸਮਝ ਬਖ਼ਸ਼ਦਾ ਹੈ। ਜਾਪੇ—ਜਪਦਾ ਹੈ। ਆਖਿ—ਉਚਾਰ ਕੇ।4।

ਅਰਥ:- (ਜਦੋਂ) ਗੁਰੂ ਦੀ ਕਿਰਪਾ ਨਾਲ (ਕਿਸੇ ਵਡਭਾਗੀ ਮਨੁੱਖ ਦੇ) ਮਨ ਵਿਚ (ਪਰਮਾਤਮਾ) ਆ ਵੱਸਦਾ ਹੈ, ਤਦੋਂ ਉਹ ਮਨੁੱਖ (ਪਰਮਾਤਮਾ ਨਾਲ) ਡੂੰਘੀ ਸਾਂਝ ਪਾ ਲੈਂਦਾ ਹੈ, ਤੇ, (ਉਸ ਦੇ ਅੰਦਰੋਂ) ਭਟਕਣਾ ਦੂਰ ਹੋ ਜਾਂਦੀ ਹੈ।1। ਰਹਾਉ।

(ਜਿਸ ਮਨੁੱਖ ਦੇ ਅੰਦਰੋਂ ਭਟਕਣਾ ਮੇਰ-ਤੇਰ ਦੂਰ ਹੋ ਜਾਂਦੀ ਹੈ ਉਸ ਨੂੰ ਯਕੀਨ ਆ ਜਾਂਦਾ ਹੈ ਕਿ) ਪਰਮਾਤਮਾ ਦੀ ਹਸਤੀ ਨੂੰ ਮਿਣਿਆ ਨਹੀਂ ਜਾ ਸਕਦਾ, ਉਸ ਦੇ ਬਰਾਬਰ ਦਾ ਕੋਈ ਦੱਸਿਆ ਨਹੀਂ ਜਾ ਸਕਦਾ। (ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਤੋਂ ਵੱਖਰਾ ਹੋਰ ਕੋਈ ਨਹੀਂ ਹੈ, (ਇਸ ਵਾਸਤੇ) ਪਰਮਾਤਮਾ ਦੇ ਬਰਾਬਰ ਦੀ ਹੋਰ ਕੋਈ ਹਸਤੀ ਦੱਸੀ ਨਹੀਂ ਜਾ ਸਕਦੀ।1।

(ਜਿਸ ਦੇ ਅੰਦਰ ਪ੍ਰਭੂ ਪਰਗਟ ਹੋ ਜਾਂਦਾ ਹੈ, ਉਸ ਨੂੰ ਯਕੀਨ ਆ ਜਾਂਦਾ ਹੈ ਕਿ) ਪਰਮਾਤਮਾ ਆਪ ਹੀ (ਉੱਚੇ ਜੀਵਨ-ਮਿਆਰ ਦੀ) ਕਸਵੱਟੀ ਵਰਤ ਕੇ (ਜੀਵਾਂ ਦੇ ਜੀਵਨ) ਪਰਖਣ ਵਾਲਾ ਹੈ। ਪ੍ਰਭੂ ਆਪ ਹੀ ਪਰਖ ਕਰਦਾ ਹੈ, ਤੇ (ਪਰਵਾਨ ਕਰ ਕੇ ਉਸ ਉੱਚੇ ਜੀਵਨ ਨੂੰ) ਜੀਵਾਂ ਦੇ ਸਾਹਮਣੇ ਲਿਆਉਂਦਾ ਹੈ (ਜਿਵੇਂ ਖਰਾ ਸਿੱਕਾ ਲੋਕਾਂ ਵਿਚ ਪਰਚਲਤ ਕੀਤਾ ਜਾਂਦਾ ਹੈ)। ਪ੍ਰਭੂ ਆਪ ਹੀ (ਜੀਵਾਂ ਦੇ ਜੀਵਨ ਨੂੰ) ਜਾਂਚਦਾ-ਪਰਖਦਾ ਹੈ, (ਉਸ ਦੀ ਮੇਹਰ ਨਾਲ

ਹੀ ਕੋਈ ਜੀਵਨ ਉਸ ਪਰਖ ਵਿਚ) ਪੂਰਾ ਉਤਰਦਾ ਹੈ। ਸਿਰਫ਼ ਉਹ ਪਰਮਾਤਮਾ ਆਪ ਹੀ (ਇਸ ਖੇਡ ਨੂੰ) ਜਾਣਦਾ ਹੈ।2।

ਮਾਇਆ ਦੀ ਸਾਰੀ ਹੋਂਦ ਉਸ ਪਰਮਾਤਮਾ ਤੋਂ ਹੀ ਬਣੀ ਹੈ। ਜਿਸ ਮਨੁੱਖ ਨੂੰ ਪ੍ਰਭੂ (ਆਪਣੇ ਨਾਲ) ਮਿਲਾਂਦਾ ਹੈ, ਉਹ (ਇਸ ਮਾਇਆ ਤੋਂ ਨਿਰਲੇਪ ਰਹਿ ਕੇ) ਪਵਿੱਤ੍ਰ ਜੀਵਨ ਵਾਲਾ ਬਣ ਜਾਂਦਾ ਹੈ। ਜਿਸ ਮਨੁੱਖ ਨੂੰ (ਪ੍ਰਭੂ ਆਪ ਆਪਣੀ ਮਾਇਆ) ਚੰਬੋੜ ਦੇਂਦਾ ਹੈ, ਉਸ ਨੂੰ ਇਹ ਆ ਚੰਬੜਦੀ ਹੈ। (ਜਦੋਂ ਕਿਸੇ ਮਨੁੱਖ ਨੂੰ ਗੁਰੂ ਦੀ ਰਾਹੀਂ) ਹਰ ਥਾਂ ਆਪਣਾ ਸਦਾ ਕਾਇਮ ਰਹਿਣ ਵਾਲਾ ਸਰੂਪ ਵਿਖਾਂਦਾ ਹੈ, ਤਦੋਂ ਉਹ ਮਨੁੱਖ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ।3।

(ਹੇ ਭਾਈ! ਪ੍ਰਭੂ) ਆਪ ਹੀ (ਆਪਣੇ ਚਰਨਾਂ ਵਿਚ) ਮਗਨਤਾ (ਦੇਣ ਵਾਲਾ ਹੈ), ਆਪ ਹੀ ਮਾਇਆ (ਚੰਬੋੜਨ ਵਾਲਾ) ਹੈ। ਪ੍ਰਭੂ ਆਪ ਹੀ (ਸਹੀ ਜੀਵਨ ਦੀ) ਸੂਝ ਬਖ਼ਸ਼ਦਾ ਹੈ, ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ ਆਪਣਾ ਨਾਮ) ਜਪਦਾ ਹੈ। ਪ੍ਰਭੂ ਆਪ ਹੀ ਗੁਰੂ ਹੈ, ਆਪ ਹੀ (ਗੁਰੂ ਦਾ) ਸ਼ਬਦ ਹੈ। ਹੇ ਨਾਨਕ! ਪ੍ਰਭੂ ਆਪ ਹੀ (ਗੁਰੂ ਦਾ ਸ਼ਬਦ) ਉਚਾਰ ਕੇ (ਹੋਰਨਾਂ ਨੂੰ) ਸੁਣਾਂਦਾ ਹੈ (ਇਹ ਹੈ ਸਰਧਾ ਉਸ ਵਡਭਾਗੀ ਦੀ ਜਿਸ ਦੇ ਮਨ ਵਿਚ ਉਹ ਪ੍ਰਭੂ ਗੁਰੂ ਦੀ ਕਿਰਪਾ ਨਾਲ ਆ ਵੱਸਦਾ ਹੈ)।4।2।